ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਮੀਮੋਨੰ:Transfer Cell/2023/322388/ 386 ਮਿਤੀ: 28.04.2023

ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਇਸ ਤੋਂ ਇਲਾਵਾ Punjab ICT Education Society (PICTES) ਅਧੀਨ ਕੰਮ ਕਰ ਰਹੇ ਕੰਪਿਊਟਰ ਫੈਕਲਟੀ ਲਈ ਤਬਾਦਲਾ ਨੀਤੀ ਮੀਮੋ ਨੰ 5/3-ICT-2019/Trans/303800, ਮਿਤੀ 13.09.2019 ਅਤੇ ਨਾਨ ਟੀਚਿੰਗ ਸਟਾਫ ਲਈ ਤਬਾਦਲਾ ਨੀਤੀ ਮੀਮੋ ਨੰ: 2/14/2020-2edu3/2020487/1 ਮਿਤੀ 27.05.2020 ਜਾਰੀ ਕੀਤੀ ਗਈ ਸੀ। ਜੋ ਸ਼ੋਧਾਂ ਅਧਿਆਪਕਾਂ ਦੇ ਤਬਾਦਲਿਆਂ ਲਈ ਜਾਰੀ ਕੀਤੀਆਂ ਗਈਆਂ ਹਨ ਉਹ ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੇ ਬਦਲੀਆਂ ਲਈ ਲਾਗੂ ਹੋਣਗੀਆਂ।

3.0 ਸਾਲ 2023 ਦੌਰਾਨ ਉਪਰੋਕਤ ਪਾਲਿਸੀ ਅਨੁਸਾਰ ਵਿਭਾਗ ਵਲੋਂ ਜਨਤਕ ਸੂਚਨਾਂ ਮੀਮੋ ਨੰ:TransferCell/2023/322388/342 ਮਿਤੀ 28.03.2023,Transfer Cell/ 2023 /322388/358 ਮਿਤੀ 31.03.2023 ਰਾਹੀਂ ਬਦਲੀ ਲਈ ਬੇਨਤੀਆਂ ਮੰਗੀਆਂ ਗਈਆਂ ਸਨ। ਉਸ ਉਪਰੰਤ ਜਨਤਕ ਸੂਚਨਾਂ ਮਿਤੀ 03.04.2023 ਅਤੇ ਮਿਤੀ 10.04.2023 ਰਾਹੀਂ ਸਕੂਲ ਮੁੱਖੀ/ਡੀ.ਡੀ.ਓ ਨੂੰ ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਵਲੋਂ ਭਰੇ ਡਾਟਾ ਨੂੰ ਵੈਰੀਫਾਈ ਕਰਨ ਲਈ ਲਿਖਿਆ ਗਿਆ ਸੀ। ਜਨਤਕ ਸੂਚਨਾਂ ਮਿਤੀ 17.04.2023 ਅਤੇ ਮਿਤੀ 20.04.2023 ਰਾਹੀਂ ਅਧਿਆਪਕਾਂ/ਕਰਮਚਾਰੀਆਂ ਨੂੰ ਸਟੇਸਨ ਚੁਆਇਸ ਲਈ ਮੌਕਾ ਦਿੱਤਾ ਗਿਆ ਸੀ।

4.0 ਵੱਡੀ ਗਿਣਤੀ ਵਿੱਚ ਅਧਿਆਪਕਾਂ ਵਲੋਂ ਵਿਭਾਗ ਨਾਲ ਸੰਪਰਕ ਕਰਕੇ ਦੱਸਿਆ ਗਿਆ ਹੈ ਕਿ ਉਹਨਾਂ ਵਲੋਂ ਭਰਿਆ ਗਿਆ ਡਾਟਾ ਮਿਸਮੈਚ ਹੋਣ ਕਾਰਨ ਉਹ ਬਦਲੀ ਲਈ Eligible ਨਹੀਂ ਹਨ। ਇਸ ਲਈ ਉਹਨਾਂ ਵਲੋਂ ਮੰਗ ਕੀਤੀ ਗਈ ਹੈ ਕਿ ਡਾਟਾ ਦਰੁੱਸਤ ਕਰਨ ਲਈ ਉਹਨਾਂ ਨੂੰ ਮੌਕਾ ਦਿੱਤਾ ਜਾਵੇ। ਅਧਿਆਪਕਾਂ ਦੀ ਮੰਗ ਨੂੰ ਮੰਨਦੇ ਹੋਏ ਵਿਭਾਗ ਵਲੋਂ ਲੜੀ ਨੰ.3 ਅਨੁਸਾਰ ਜੋ ਪ੍ਰੀਕ੍ਰਿਆ ਕੀਤੀ ਗਈ ਸੀ ਉਸ ਸਾਰੀ ਪ੍ਰੀਕ੍ਰਿਆ ਨੂੰ ਰੱਦ ਕੀਤਾ ਜਾਂਦਾ ਹੈ ਅਤੇ ਨਵੇਂ ਸਿਰੇ ਤੋਂ ਬਦਲੀਆਂ ਦੀ ਪ੍ਰੀਕ੍ਰਿਆ ਆਰੰਭੀ ਜਾ ਰਹੀ ਹੈ। ਜਿਹੜੇ ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਲੜੀ ਨੰ.3 ਅਨੁਸਾਰ ਅਪਲਾਈ ਕਰ ਚੁੱਕੇ ਸਨ, ਉਹਨਾਂ ਨੂੰ ਵੀ ਮੁੜ ਤੋਂ ਬਦਲੀਆਂ ਲਈ ਅਪਲਾਈ ਕਰਨਾ ਜਰੂਰੀ ਹੈ। ਬਦਲੀਆਂ ਲਈ ਪਹਿਲਾਂ ਭਰੇ ਡਾਟਾ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

5.0 ਜੋ ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹ ਨਵੇਂ ਸਿਰੇ ਤੋਂ ਆਪਣੇ ਵੇਰਵੇ ਜਿਵੇਂ ਕਿ General Details, Results, Service Record ਮਿਤੀ 28.04.2023 ਤੋਂ

Scanned with CamScanner

02.05.2023 ਤੱਕ epunjabschoolportal ਤੇ ਆਪਣੇ employee login Id ਤੇ login ਕਰਕੇ ਭਰ ਸਕਦੇ ਹਨ। ਵੇਰਵੇ ਕੇਵਲ Online ਹੀ ਭਰੇ ਜਾ ਸਕਦੇ ਹਨ।

6.0 ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਵੱਲੋਂ ਆਪਣੀ ਪ੍ਰਤੀਬੇਨਤੀਆਂ ਸਬੰਧੀ ਵੱਖ-ਵੱਖ Modules ਭਰੇ ਜਾਣੇ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ:

(i) Update General Details

(ii) Update Results

(iii) Update Service Record

ਉਪਰੋਕਤ modules ਵਿੱਚ ਮੁਕੰਮਲ ਵੇਰਵੇ ਭਰਨ ਉਪਰੰਤ Approve Data ਦਾ Button ਕਲਿਕ ਕੀਤਾ ਜਾਣਾ ਹੈ।

7.0 ਅਧਿਆਪਕ/ ਕੰਪਿਊਟਰ ਫੈਕਲਟੀ/ਨਾਨ ਟੀਚਿੰਗ ਜਿਨ੍ਹਾਂ ਨੇ ਵੱਖ-ਵੱਖ ਜ਼ੋਨਾਂ ਵਿੱਚ ਸੇਵਾ ਕੀਤੀ ਹੈ ਉਹ ਡਾਟਾ Approve ਕਰਨ ਤੋਂ ਪਹਿਲਾਂ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣ ਕਿ ਉਨ੍ਹਾਂ ਵੱਲੋਂ ਵੱਖ-ਵੱਖ ਜ਼ੋਨਾਂ ਵਿੱਚ ਕੀਤੀ ਸੇਵਾ ਅਤੇ ਸਿੱਖਿਆ ਵਿਭਾਗ ਵਿੱਚ ਕੀਤੀ ਗਈ ਕੁਲ ਸੇਵਾ ਦੇ ਸਮੇਂ ਵਿੱਚ ਅੰਤਰ ਨਹੀਂ ਹੋਣਾ ਚਾਹੀਦਾ। ਜੇਕਰ ਕਿਸੇ ਕਾਰਨ ਅੰਤਰ ਹੈ ਤਾਂ ਉਹ ਇਸ ਸਬੰਧੀ Remarks ਦੇਣਗੇ । Remarks ਵਿੱਚ ਠੋਸ ਕਾਰਨ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਨੂੰ ਬਦਲੀ ਲਈ ਨਹੀਂ ਵਿਚਾਰਿਆ ਜਾਵੇਗਾ।

8.0 ਅਧੂਰੇ ਜਾਂ ਗਲਤ ਵੇਰਵੇ ਪਾਏ ਜਾਣ ਤੇ ਸਬੰਧਤ ਦੀ ਬਦਲੀ ਦੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

9.0 Special Category/Exempted Category ਅਧੀਨ ਅਪਲਾਈ ਕਰਨ ਵਾਲੇ ਅਧਿਆਪਕ/ ਕੰਪਿਊਟਰ ਫੈਕਲਟੀ/ਨਾਨ ਟੀਚਿੰਗ ਆਪਣੀ Category ਸਬੰਧੀ ਦਸਤਾਵੇਜ਼ ਨਾਲ ਨੱਥੀ ਕਰਨਗੇ। ਦਸਤਾਵੇਜ਼ ਨੱਥੀ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਦੀ ਬੇਨਤੀ ਨੂੰ Special Category/Exempted Category ਅਧੀਨ ਨਹੀਂ ਵਿਚਾਰਿਆ ਜਾਵੇਗਾ।Special Category/Exempted Category ਦੇ ਅਧਿਆਪਕ/ਕੰਪਿਊਟਰ ਫੈਕਲਟੀ/ਨਾਨ ਟੀਚਿੰਗ ਸਟਾਫ ਦੀਆਂ ਬਦਲੀਆਂ ਕੇਵਲ Online ਹੀ ਵਿਚਾਰੀਆਂ ਜਾਣਗੀਆਂ, ਆਫਲਾਈਨ ਵਿਧੀ ਰਾਹੀਂ ਪ੍ਰਾਪਤ ਪ੍ਰਤੀਬੇਨਤੀਆਂ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ।

10.0 ਅਧਿਆਪਕ, ਕੰਪਿਊਟਰ ਫੈਕਲਟੀ, ਨਾਨ ਟੀਚਿੰਗ ਸਟਾਫ ਜਿੰਨਾਂ ਦੇ ਵੇਰਵੇ ਸਹੀ ਪਾਏ ਜਾਣਗੇ ਉਨ੍ਹਾਂ ਤੋਂ ਹੀ ਬਦਲੀ ਲਈ Station Choice ਲਈ ਜਾਵੇਗੀ। ਵੱਖ-ਵੱਖ ਗੇੜ ਦੀਆਂ ਬਦਲੀਆਂ ਲਈ ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਤੋਂ ਵਾਰ-ਵਾਰ ਡਾਟਾ ਨਹੀਂ ਭਰਵਾਇਆ ਜਾਵੇਗਾ, ਬਦਲੀ ਲਈ ਡਾਟਾ ਕੇਵਲ ਮਿਤੀ 28.04.2023 ਤੋਂ 02.05.2023 ਤੱਕ ਹੀ ਭਰਿਆ ਜਾ ਸਕੇਗਾ, ਇਸ ਉਪਰੰਤ ਕੋਈ ਦਰਖਾਸਤ ਨਹੀਂ ਲਈ ਜਾਵੇਗੀ। ਇਸ ਡਾਟਾ ਅਤੇ Station Choice ਦੇ ਅਧਾਰ ਤੇ ਹੀ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਦੂਜੇ ਗੇੜ ਦੌਰਾਨ ਜਿਲ੍ਹੇ ਤੋਂ ਬਾਹਰ (Inter District) ਅਤੇ ਤੀਜੇ ਗੇੜ ਵਿੱਚ ਆਪਸੀ ਬਦਲੀਆਂ ਪਾਲਿਸੀ ਅਨੁਸਾਰ ਕੀਤੀਆਂ ਜਾਣਗੀਆਂ।

11.0 Station Choice ਲੈਣ ਲਈ ਵੱਖਰੇ ਤੌਰ ਤੇ ਜਨਤਕ ਸੂਚਨਾ ਜਾਰੀ ਕੀਤੀ ਜਾਵੇਗੀ।

12.0 ਬਦਲੀਆਂ ਲਈ ਸਾਲ 2021-22 ਦੀ ACR ਵਿਚਾਰੀ ਜਾਵੇਗੀ.

Scanned with CamScanner

13.0 ਵਿਭਾਗ ਵਲੋਂ ਖਾਲੀ ਅਸਾਮੀਆਂ ਦੀ ਸੂਚੀ ਸਕੂਲ ਵਲੋਂ ਅਪਡੇਟ ਕੀਤੇ ਸਟਾਫ ਦੇ ਡਾਟਾ ਤੋਂ ਤਿਆਰ ਕੀਤੀ ਜਾਂਦੀ ਹੈ। ਇਸ ਲਈ ਸਮੂਹ ਸਕੂਲ ਮੁੱਖੀਆਂ/ਡੀ.ਡੀ.ਓਜ ਨੂੰ ਲਿਖਿਆ ਜਾਂਦਾ ਹੈ ਕਿ ਆਪ ਅਧੀਨ ਆਉਂਦੇ ਸਮੂਹ ਅਧਿਆਪਕਾਂ/ਕਰਮਚਾਰੀਆਂ ਦਾ ਡਾਟਾ ਈ ਪੰਜਾਬ ਪੋਰਟਲ ਤੇ ਮਿਤੀ 28.04.2023 ਤੋਂ 02.05.2023 ਤੱਕ ਅਪਡੇਟ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਵਿਭਾਗ ਨੂੰ ਬਦਲੀਆਂ ਸਮੇਂ ਖਾਲੀ ਅਤੇ ਭਰੀਆਂ ਅਸਾਮੀਆਂ ਸਬੰਧੀ ਕਿਸੇ ਕਿਸਮ ਦੀ ਔਕੜ ਪੇਸ਼ ਨਾ ਆਵੇ। ਜੇਕਰ ਡਾਟਾ ਅਪਡੇਟ ਨਾ ਹੋਣ ਦੇ ਕਾਰਨ ਵਿਭਾਗ ਨੂੰ ਕਿਸੇ ਅਣਸੁਖਾਵੀਂ ਸਥਿਤੀ ਦਾ ਸਾਹਮਣਾ ਕਰਨਾ ਪੈਂਦਾ ਹੈ ਤਾਂ ਉਸ ਦੀ ਨਿਰੋਲ ਜ਼ਿੰਮੇਵਾਰੀ ਸਬੰਧਤ ਸਕੂਲ ਮੁੱਖੀ/ਡੀ.ਡੀ.ਓ ਦੀ ਹੋਵੇਗੀ।

14.0 ਜੇਕਰ ਕਿਸੇ ਅਧਿਆਪਕ/ ਕੰਪਿਊਟਰ ਫੈਕਲਟੀ/ ਨਾਨ ਟੀਚਿੰਗ ਨੂੰ ਬਦਲੀ ਲਈ ਆਨ ਲਾਇਨ ਬੇਨਤੀ ਕਰਨ ਵਿੱਚ ਦਿਕੱਤ ਪੇਸ਼ ਆਉਂਦੀ ਹੈ ਤਾਂ ਉਹ ਜਿਲਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ (ਨਾਲ ਨੱਥੀ) ਦੀ ਸੂਚੀ epunjabschool portal ਤੇ ਉਪਲਬਧ ਹੈ।

ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

28/04/2023